# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 14-02-2025**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਕਿ ਭਾਰਤ ਅਤੇ ਅਮਰੀਕਾ ਨੇ 2030 ਤੱਕ ਦੁਵੱਲੇ ਵਪਾਰ ਨੂੰ ਦੁੱਗਣਾ ਕਰਕੇ 500 ਅਰਬ ਡਾਲਰ ਕਰਨ ਦਾ ਫੈਸਲਾ ਕੀਤਾ ਏ । ਉਹ ਅੱਜ ਵਾਸ਼ਿੰਗਟਨ ਡੀਸੀ ਵਿੱਚ ਵ੍ਹਾਈਟ ਹਾਊਸ ਵਿੱਚ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨਾਲ ਦੁਵੱਲੀ ਗੱਲਬਾਤ ਤੋਂ ਬਾਅਦ ਇੱਕ ਸਾਂਝੀ ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕਰ ਰਹੇ ਸਨ। ਸ੍ਰੀ ਮੋਦੀ ਨੇ ਕਿਹਾ ਕਿ ਭਾਰਤ ਅਤੇ ਅਮਰੀਕਾ ਰਣਨੀਤਕ ਭਾਈਵਾਲੀ ਨੂੰ ਅੱਗੇ ਵਧਾਉਂਦੇ ਰਹਿਣਗੇ। ਉਨ੍ਹਾਂ ਕਿਹਾ ਕਿ ਦੋਵਾਂ ਦੇਸ਼ਾਂ ਦਰਮਿਆਨ ਸਹਿਯੋਗ ਅਤੇ ਸਹਿਯੋਗ ਇੱਕ ਬਿਹਤਰ ਵਿਸ਼ਵ ਦੇ ਨਿਰਮਾਣ ਵਿੱਚ ਮਦਦ ਕਰ ਸਕਦਾ ਏ । ਸ਼੍ਰੀ ਮੋਦੀ ਨੇ ਕਿਹਾ ਕਿ ਦੋਵੇਂ ਪੱਖ ਰਣਨੀਤਕ ਤਕਨੋਲੋਜੀ ਦੀ ਵਰਤੋਂ ਕਰਕੇ ਸਬੰਧਾਂ ਨੂੰ ਮਜ਼ਬੂਤ ਕਰਨਗੇ। ਸ੍ਰੀ ਮੋਦੀ ਨੇ ਕਿਹਾ ਕਿ ਭਾਰਤ ਅਤੇ ਅਮਰੀਕਾ

ਦਹਿਸ਼ਤਗਰਦੀ ਖਿਲਾਫ ਲੜਾਈ ਵਿੱਚ ਮਜ਼ਬੂਤੀ ਨਾਲ ਇਕੱਠੇ ਖੜੇ ਨੇ ਅਤੇ ਇਸ ਗੱਲ 'ਤੇ ਸਹਿਮਤ ਨੇ ਕਿ ਸਰਹੱਦ ਪਾਰ ਦਹਿਸ਼ਤਗਰਦੀ ਨੂੰ ਖਤਮ ਕਰਨ ਲਈ ਠੋਸ ਕਾਰਵਾਈ ਦੀ ਲੋੜ ਏ । ਪ੍ਰਧਾਨ ਮੰਤਰੀ ਨੇ ਮੁੰਬਈ ਅੱਤਵਾਦੀ ਹਮਲਿਆਂ ਦੇ ਦੋਸ਼ੀ ਦੀ ਹਵਾਲਗੀ ਲਈ ਰਾਸ਼ਟਰਪਤੀ ਟਰੰਪ ਦਾ ਧੰਨਵਾਦ ਕੀਤਾ। BYTE:

---------------------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ 2019 ਵਿੱਚ ਪੁਲਵਾਮਾ ਹਮਲੇ ਵਿੱਚ, ਸ਼ਹੀਦ ਹੋਏ ਜਵਾਨਾਂ ਨੂੰ ਸ਼ਰਧਾਂਜਲੀ ਭੇਟ ਕੀਤੀ ਏ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਸ਼੍ਰੀ ਮੋਦੀ ਨੇ ਕਿਹਾ ਏ ਕਿ, ਆਉਣ ਵਾਲੀਆਂ ਪੀੜ੍ਹੀਆਂ ਉਨ੍ਹਾਂ ਦੀ ਕੁਰਬਾਨੀ ਅਤੇ ਰਾਸ਼ਟਰ ਪ੍ਰਤੀ ਉਨ੍ਹਾਂ ਦੇ ਅਟੁੱਟ ਸਮਰਪਣ ਨੂੰ ਕਦੇ ਨਹੀਂ ਭੁੱਲਣਗੀਆਂ। ਛੇ ਸਾਲ ਪਹਿਲਾਂ, ਅੱਜ ਦੇ ਹੀ ਦਿਨ ਜੰਮੂ-ਕਸ਼ਮੀਰ ਦੇ ਪੁਲਵਾਮਾ ਜ਼ਿਲੇ 'ਚ, ਦਹਿਸ਼ਤਗਰਦੀ ਹਮਲਾ ਹੋਇਆ ਸੀ, ਜਿਸ 'ਚ CRPF ਦੇ 40 ਜਵਾਨ ਸ਼ਹੀਦ ਹੋ ਗਏ ਸਨ।

---------------------------------------------------------------------

ਪੰਜਾਬ ਮੰਤਰੀ ਮੰਡਲ ਨੇ ਸੂਬਾ ਸਰਕਾਰ ਦੇ ਕਰਮਚਾਰੀਆਂ ਅਤੇ ਪੈਨਸ਼ਨਰਾਂ ਨੂੰ 14 ਹਜ਼ਾਰ ਕਰੋੜ ਰੁਪਏ ਦੀ ਬਕਾਇਆ ਰਾਸ਼ੀ ਜਾਰੀ

ਕਰਨ ਨੂੰ ਸਹਿਮਤੀ ਦੇ ਦਿੱਤੀ ਏ । ਇਸ ਸਬੰਧੀ ਫੈਸਲਾ ਅੱਜ ਮੁੱਖ ਮੰਤਰੀ ਦੀ ਪ੍ਰਧਾਨਗੀ ਹੇਠ ਕਲ ਮੰਤਰੀ ਮੰਡਲ ਦੀ ਬੈਠਕ ਵਿੱਚ ਲਿਆ ਗਿਆ। ਮੁੱਖ ਮੰਤਰੀ ਦਫਤਰ ਦੇ ਬੁਲਾਰੇ ਨੇ ਦੱਸਿਆ ਕਿ ਸੂਬਾ ਸਰਕਾਰ ਦੇ ਤਿੰਨ ਲੱਖ ਮੁਲਾਜ਼ਮਾਂ ਅਤੇ ਤਿੰਨ ਲੱਖ ਪੈਨਸ਼ਨਰਾਂ ਨੂੰ ਮੰਤਰੀ ਮੰਡਲ ਨੇ ਇਕ ਜਨਵਰੀ, 2016 ਤੋਂ 30 ਜੂਨ, 2022 ਤੱਕ ਦੇ ਸਮੇਂ ਦੀ ਸੋਧੀ ਹੋਈ ਤਨਖਾਹ ਤੇ ਪੈਨਸ਼ਨ ਤੇ ਲੀਵ ਇਨਕੈਸ਼ਮੈਂਟ ਦਾ ਬਕਾਇਆ ਅਤੇ ਇਕ ਜੁਲਾਈ, 2021 ਤੋਂ 31 ਮਾਰਚ, 2024 ਤੱਕ ਦੇ ਡੀ.ਏ./ਡੀ.ਆਰ. ਦਾ ਬਕਾਇਆ ਜਾਰੀ ਕਰਨ ਦੀ ਪ੍ਰਵਾਨਗੀ ਦੇ ਦਿੱਤੀ ਏ । ਮੰਤਰੀ ਮੰਡਲ ਨੇ ਲੋਕਾਂ ਨੂੰ ਇਨਸਾਫ ਦਿਵਾਉਣ ਲਈ ਸੂਬੇ ਵਿੱਚ 22 ਨਵੀਆਂ ਲੋਕ ਅਦਾਲਤਾਂ ਸਥਾਪਤ ਕਰਨ ਲਈ ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਵਿੱਚ ਨਵੀਆਂ ਅਸਾਮੀਆਂ ਸਿਰਜਣ ਲਈ ਪ੍ਰਵਾਨਗੀ ਦੇ ਦਿੱਤੀ। ਮੰਤਰੀ ਮੰਡਲ ਨੇ ਵਿਭਾਗ ਵਿੱਚ ਇੰਸਪੈਕਟਰਾਂ ਦੀਆਂ ਅਸਾਮੀਆਂ ਦਾ ਨਾਮ ਬਦਲਣ ਨੂੰ ਮੰਜੂਰੀ ਦੇ ਦਿੱਤੀ, ਜਿਸ ਨਾਲ ਹੁਣ ਵਿਭਾਗ ਦੇ ਇੰਸਪੈਕਟਰਾਂ ਨੂੰ ਰਾਜ ਕਰ ਅਧਿਕਾਰੀ ਵਜੋਂ ਜਾਣਿਆ ਜਾਵੇਗਾ। ਮੰਤਰੀ ਮੰਡਲ ਨੇ ਆਬਕਾਰੀ ਵਿਭਾਗ ਵਿੱਚ ਰੈਗੂਲਰ ਆਧਾਰ ’ਤੇ 53

ਡਰਾਈਵਰਾਂ ਦੀ ਭਰਤੀ ਲਈ ਵੀ ਸਹਿਮਤੀ ਦੇ ਦਿੱਤੀ। ਮੰਤਰੀ ਮੰਡਲ ਨੇ ਐਲੀਮੈਂਟਰੀ ਸਿੱਖਿਆ ਵਿਭਾਗ ਵਿੱਚ ਸਰੀਰਕ ਸਿਖਲਾਈ ਇੰਸਟ੍ਰਕਟਰਾਂ ਦੀ ਸਿੱਧੀ ਭਰਤੀ ਲਈ ਨਿਯਮਾਂ ਅਤੇ ਯੋਗਤਾਵਾਂ ਵਿੱਚ ਸੋਧ ਕਰਨ ਲਈ ਵੀ ਝੰਡੀ ਦੇ ਦਿੱਤੀ। ਇਸ ਨਾਲ ਆਉਣ ਵਾਲੇ ਦਿਨਾਂ ਵਿੱਚ ਸੂਬੇ ਭਰ ਵਿੱਚ ਅਜਿਹੇ 2000 ਅਧਿਆਪਕਾਂ ਦੀ ਭਰਤੀ ਲਈ ਰਾਹ ਪੱਧਰਾ ਹੋਵੇਗਾ। ਮੰਤਰੀ ਮੰਡਲ ਨੇ ‘ਤੇਜਾਬ ਪੀੜਤਾਂ ਲਈ ਵਿੱਤੀ ਸਹਾਇਤਾ ਯੋਜਨਾ ’ ਦਾ ਨਾਮ ਬਦਲ ਕੇ “ਪੰਜਾਬ ਤੇਜਾਬ ਪੀੜਤਾਂ ਲਈ ਵਿੱਤੀ ਸਹਾਇਤਾ ਯੋਜਨਾ -2024” ਰੱਖਣ ਦਾ ਫੈਸਲਾ ਕੀਤਾ ਏ ਜਿਸ ਨਾਲ ਇਸ ਯੋਜਨਾ ਵਿੱਚ ਹੁਣ ਔਰਤਾਂ ਦੇ ਨਾਲ ਤੇਜ਼ਾਬ ਪੀੜਤ ਮਰਦਾਂ ਅਤੇ ਟ੍ਰਾਂਸਜੈਂਡਰਾਂ ਨੂੰ ਵੀ ਸਾਮਲ ਕੀਤਾ ਗਿਆ ਏ । ਤੇਜ਼ਾਬ ਹਮਲੇ ਦੇ ਪੀੜਤ ਨੂੰ ਪ੍ਰਤੀ ਮਹੀਨਾ ਦਿੱਤੀ ਜਾਣ ਵਾਲੀ ਵਿੱਤੀ ਸਹਾਇਤਾ 8 ਹਜ਼ਾਰ ਰੁਪਏ ਤੋਂ ਵਧਾ ਕੇ 10 ਹਜ਼ਾਰ ਪ੍ਰਤੀ ਮਹੀਨਾ ਕਰ ਦਿੱਤੀ ਏ । ਸੂਬੇ ਦੇ 6 ਜ਼ਿਲਿਆਂ ਵਿੱਚ ਵਿਸ਼ੇਸ਼ ਫਾਸਟ ਟਰੈਕ ਐਨ.ਆਰ.ਆਈ. ਅਦਾਲਤਾਂ ਸਥਾਪਤ ਕਰਨ ਨੂੰ ਪ੍ਰਵਾਨਗੀ ਦੇ ਦਿੱਤੀ ਗਈ ਏ । ਇਸੇ ਤਰਾਂ ਮੰਤਰੀ ਮੰਡਲ ਨੇ ਥਰਮਲ ਪਾਵਰ ਪਲਾਂਟ

ਬਠਿੰਡਾ ਦੀ 253 ਏਕੜ ਜ਼ਮੀਨ ਬਠਿੰਡਾ ਵਿਕਾਸ ਅਥਾਰਟੀ ਨੂੰ, ਰਿਹਾਇਸ਼ੀ ਤੇ ਵਪਾਰਕ ਥਾਵਾਂ, ਵਾਟਰ ਟ੍ਰੀਟਮੈਂਟ ਪਲਾਂਟ, ਬੱਸ ਸਟੈਂਡ, ESI. ਹਸਪਤਾਲ ਅਤੇ ਸਕੂਲਾਂ ਲਈ ਢੁਕਵੀਂ ਵਰਤੋਂ ਕਰਨ ਅਤੇ 1235 ਏਕੜ ਜ਼ਮੀਨ PSPCL. ਨੂੰ ਵਾਪਸ ਕਰਨ ਦਾ ਫੈਸਲਾ ਵੀ ਕੀਤਾ। ਝੋਨੇ ਦੀ ਪਰਾਲੀ ਦੇ ਢੁਕਵੇਂ ਪ੍ਰਬੰਧਨ ਨੂੰ ਯਕੀਨੀ ਬਣਾਉਣ ਲਈ ਮੰਤਰੀ ਮੰਡਲ ਨੇ ਝੋਨੇ ਦੀ ਪਰਾਲੀ ’ਤੇ ਆਧਾਰਤ ਨਵਾਂ ਬਾਇਲਰ ਸਥਾਪਤ ਕਰਨ ਲਈ ਪੂੰਜੀਗਤ ਸਬਸਿਡੀ ਇਕ ਕਰੋੜ ਰੁਪਏ ਅਤੇ ਮੌਜੂਦਾ ਪਲਾਂਟ ਨੂੰ ਅਪਗ੍ਰੇਡ ਕਰਨ ਲਈ 50 ਲੱਖ ਰੁਪਏ ਸਬਸਿਡੀ ਦੇਣ ਦੀ ਸਹਿਮਤੀ ਦੇ ਦਿੱਤੀ ਏ।

---------------------------------------------------------------------

ਪੰਜਾਬ ਵਿਜੀਲੈਂਸ ਬਿਊਰੋ ਨੇ ਅੰਮ੍ਰਿਤਸਰ ਵਿਖੇ ਤਾਇਨਾਤ ਇੱਕ ਸਹਾਇਕ ਸਬ ਇੰਸਪੈਕਟਰ ਗੁਰਮੀਤ ਕੌਰ ਅਤੇ ਉਸਦੇ ਸਾਥੀ ਹਰਪ੍ਰੀਤ ਸਿੰਘ ਨੂੰ 40 ਹਜ਼ਾਰ ਰੁਪਏ ਦੀ ਰਿਸ਼ਵਤ ਮੰਗਣ ਅਤੇ ਲੈਣ ਦੇ ਦੋਸ਼ ਵਿੱਚ ਗ੍ਰਿਫ਼ਤਾਰ ਕੀਤਾ ਏ। ਇੱਕ ਸਰਕਾਰੀ ਬੁਲਾਰੇ ਨੇ ਕਿਹਾ ਕਿ ਮੁਲਜ਼ਮਾਂ ਨੂੰ ਬਾਬਾ ਬਕਾਲਾ ਦੇ ਪਿੰਡ ਵਜ਼ੀਰ ਭੁੱਲਰ ਦੇ ਵਸਨੀਕ ਸਿਕੰਦਰ ਸਿੰਘ ਦੀ ਸ਼ਿਕਾਇਤ ਦੇ ਆਧਾਰ 'ਤੇ ਗ੍ਰਿਫ਼ਤਾਰ ਕੀਤਾ ਗਿਆ ਏ। ਸ਼ਿਕਾਇਤ

ਦੀ ਤਸਦੀਕ ਤੋਂ ਬਾਅਦ ਵਿਜੀਲੈਂਸ ਬਿਊਰੋ ਟੀਮ ਨੇ ਮੁਲਜ਼ਮਾਂ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜ਼ਰੀ ਵਿੱਚ ਸ਼ਿਕਾਇਤਕਰਤਾ ਤੋਂ 40 ਹਜ਼ਾਰ ਰੁਪਏ ਦੀ ਰਿਸ਼ਵਤ ਲੈਂਦੇ ਹੋਏ ਰੰਗੇ ਹੱਥੀਂ ਕਾਬੂ ਕਰ ਲਿਆ। ਇਕ ਹੋਰ ਮਾਮਲੇ ਵਿਚ ਅੰਮ੍ਰਿਤਸਰ ਸ਼ਹਿਰ ਦੇ ਮਾਲ ਹਲਕਾ ਕੋਟ ਖਾਲਸਾ ਵਿਖੇ ਤਾਇਨਾਤ ਪਟਵਾਰੀ ਰਵੀ ਪ੍ਰਕਾਸ਼ ਨੂੰ 10 ਹਜ਼ਾਰ ਰੁਪਏ ਰਿਸ਼ਵਤ ਲੈਂਦਿਆਂ ਗ੍ਰਿਫ਼ਤਾਰ ਕੀਤਾ ਏ। ਬੁਲਾਰੇ ਨੇ ਦਸਿਆ ਕਈ ਨਿਊ ਮੋਹਣੀ ਪਾਰਕ ਦੇ ਵਸਨੀਕ ਪਰਮਜੀਤ ਸਿੰਘ ਨੇ ਸ਼ਿਕਾਇਤ ਵਿੱਚ ਦੋਸ਼ ਲਗਾਇਆ ਇਸ ਪਟਵਾਰੀ ਨੇ ਉਸਦੇ ਕਰਜ਼ੇ ਦੀ ਰਕਮ ਨੂੰ ਦਰੁਸਤ ਕਰਨ ਬਦਲੇ 20 ਹਜ਼ਾਰ ਰੁਪਏ ਰਿਸ਼ਵਤ ਮੰਗੀ ਏ ਜਿਸ ਨੂੰ ਮਾਲ ਰਿਕਾਰਡ ਵਿੱਚ ਅਸਲ ਕਰਜ਼ਾ 9 ਲੱਖ ਰੁਪਏ ਦੀ ਬਜਾਏ ਗਲਤੀ ਨਾਲ 90 ਲੱਖ ਰੁਪਏ ਲਿਖਿਆ ਗਿਆ ਸੀ। ਜਾਂਚ ਤੋਂ ਬਾਅਦ ਟੀਮ ਨੇ ਮੁਲਜ਼ਮ ਨੂੰ ਰਿਸ਼ਵਤ ਲੈਂਦੇ ਹੋਏ ਰੰਗੇ ਹੱਥੀਂ ਕਾਬੂ ਕਰ ਲਿਆ ਗਿਆ। ਅਗਲੇਰੀ ਜਾਂਚ ਜਾਰੀ ਏ।